ਦੇਵਗੰਧਾਰੀ ੫ ॥ ਸੋ ਪ੍ਰਭੁ ਨੇਰੈ ਹੂ ਤੇ ਨੇਰੈ ॥ ਸਿਮਰਿ ਧਿਆਇ ਗਾਇ ਗੁਨ ਗੋਬਿੰਦ ਦਿਨੁ ਰੈਨਿ ਸਾਝ ਸਵੇਰੈ ॥੧॥ ਰਹਾਉ ॥ ਉਧਰੁ ਦੇਹ ਦੁਲਭ ਸਾਧੂ ਸੰਗਿ ਹਰਿ ਹਰਿ ਨਾਮੁ ਜਪੇਰੈ ॥ ਘਰੀ ਨ ਮੁਹਤੁ ਨ ਚਸਾ ਬਿਲੰਬਹੁ ਕਾਲੁ ਨਿਤਹਿ ਨਿਤ ਹੇਰੈ ॥੧॥ ਅੰਧ ਬਿਲਾ ਤੇ ਕਾਢਹੁ ਕਰਤੇ ਕਿਆ ਨਾਹੀ ਘਰਿ ਤੇਰੈ ॥ ਨਾਮੁ ਅਧਾਰੁ ਦੀਜੈ ਨਾਨਕ ਕਉ ਆਨਦ ਸੂਖ ਘਨੇਰੈ ॥੨॥੧੨॥ ਛਕੇ ੨ ॥ {ਪੰਨਾ 530}

ਪਦਅਰਥ:- ਨੇਰੈ ਹੂ ਤੇ ਨੇਰੈ—ਨੇੜੇ ਤੋਂ ਨੇੜੇ, ਨਾਲ ਹੀ। ਰੈਨਿ—ਰਾਤ। ਸਾਝ—ਸ਼ਾਮ।1। ਰਹਾਉ।

ਉਧਰੁ ਦੇਹ—ਸਰੀਰ ਦਾ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਕਰ ਲੈ। ਦੁਲਭ ਦੇਹ—ਜੋ ਮਨੁੱਖਾ ਸਰੀਰ ਮੁਸ਼ਕਿਲ ਨਾਲ ਮਿਲਿਆ ਹੈ। ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ। ਜਪੇਰੈ—ਜਪਦਾ ਰਹੁ। ਮੁਹਤੁ—ਅੱਧੀ ਘੜੀ। ਚਸਾ—ਨਿਮਖ-ਮਾਤ੍ਰ। ਨ ਬਿਲੰਬਹੁ—ਦੇਰ ਨਾਹ ਕਰ। ਕਾਲੁ—ਮੌਤ। ਹੇਰੈ—ਤੱਕ ਰਹੀ ਹੈ।1।

ਬਿਲਾ—ਬਿਲ, ਖੁੱਡ। ਅੰਧ—ਅੰਨ੍ਹੀ। ਤੇ—ਤੋਂ, ਵਿਚੋਂ। ਕਰਤੇ—ਹੇ ਕਰਤਾਰ! ਘਰਿ ਤੇਰੈ—ਤੇਰੇ ਘਰ ਵਿਚ। ਅਧਾਰੁ—ਆਸਰਾ। ਕਉ—ਨੂੰ। ਘਨੇਰੈ—ਬਹੁਤ।2।

ਅਰਥ:- ਹੇ ਭਾਈ! ਦਿਨ ਰਾਤ ਸ਼ਾਮ ਸਵੇਰੇ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਂਦਾ ਰਹੁ, ਪਰਮਾਤਮਾ ਦਾ ਨਾਮ ਸਿਮਰਦਾ ਰਹੁ, ਪਰਮਾਤਮਾ ਦਾ ਧਿਆਨ ਧਰਦਾ ਰਹੁ। ਉਹ ਪਰਮਾਤਮਾ ਤੇਰੇ ਨਾਲ ਹੀ ਵੱਸਦਾ ਹੈ।1। ਰਹਾਉ।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਜਪਿਆ ਕਰ, ਤੇ, ਆਪਣੇ ਇਸ ਮਨੁੱਖਾ ਸਰੀਰ ਨੂੰ (ਵਿਕਾਰਾਂ ਦੇ ਸਮੁੰਦਰ ਵਿਚ ਡੁੱਬਣੋਂ) ਬਚਾ ਲੈ ਜੋ ਬੜੀ ਮੁਸ਼ਕਿਲ ਨਾਲ ਤੈਨੂੰ ਮਿਲਿਆ ਹੈ। ਹੇ ਭਾਈ! ਮੌਤ ਤੈਨੂੰ ਹਰ ਵੇਲੇ ਸਦਾ ਤੱਕ ਰਹੀ ਹੈ, ਤੂੰ (ਨਾਮ ਸਿਮਰਨ ਵਿਚ) ਇਕ ਘੜੀ ਢਿੱਲ ਨਾਹ ਕਰ, ਅੱਧੀ ਘੜੀ ਭੀ ਦੇਰ ਨਾਹ ਕਰ, ਰਤਾ ਭੀ ਢਿੱਲ ਨਾਹ ਕਰ।1।

ਹੇ ਕਰਤਾਰ! ਤੇਰੇ ਘਰ ਵਿਚ ਕਿਸੇ ਚੀਜ਼ ਦੀ ਕਮੀ ਨਹੀਂ (ਮੇਹਰ ਕਰ, ਤੂੰ ਆਪ ਜੀਵਾਂ ਨੂੰ ਮਾਇਆ ਦੇ ਮੋਹ ਦੀ) ਘੁੱਪ ਹਨੇਰੀ ਖੁੱਡ ਵਿਚੋਂ ਕੱਢ ਲੈ। ਹੇ ਕਰਤਾਰ! ਨਾਨਕ ਨੂੰ ਆਪਣਾ ਨਾਮ-ਆਸਰਾ ਦੇਹ, ਤੇਰੇ ਨਾਮ ਵਿਚ ਬੇਅੰਤ ਸੁਖ ਆਨੰਦ ਹਨ।2।12। ਛਕੇ 2।